**ਰਾਮਕਲੀ ਮਹਲਾ ੫ ॥ ਸਲੋਕੁ ॥ ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ ॥ ਮੁਖ ਊਜਲ ਸਦਾ ਸੁਖੀ ਨਾਨਕ ਸਿਮਰਤ ਏਕ ॥ ੧॥ ਮਨੁ ਤਨੁ ਰਾਤਾ ਰਾਮ ਪਿਆਰੇ ਹਰਿ ਪ੍ਰੇਮ ਭਗਤਿ ਬਣਿ ਆਈ ਸੰਤਹੁ ॥੧॥ ਸਤਿਗੁਰਿ ਖੇਪ ਨਿਬਾਹੀ ਸੰਤਹੁ ॥ ਹਰਿ ਨਾਮੁ ਲਾਹਾ ਦਾਸ ਕਉ ਦੀਆ ਸਗਲੀ ਤ੍ਰਿਸਨ ਉਲਾਹੀ ਸੰਤਹੁ ॥੧॥ ਰਹਾਉ ॥ ਖੋਜਤ ਖੋਜਤ ਲਾਲੁ ਇਕੁ ਪਾਇਆ ਹਰਿ ਕੀਮਤਿ ਕਹਣੁ ਨ ਜਾਈ ਸੰਤਹੁ ॥੨॥ ਚਰਨ ਕਮਲ ਸਿਉ ਲਾਗੋ ਧਿਆਨਾ ਸਾਚੈ ਦਰਸਿ ਸਮਾਈ ਸੰਤਹੁ ॥੩॥ ਗੁਣ ਗਾਵਤ ਗਾਵਤ ਭਏ ਨਿਹਾਲਾ ਹਰਿ ਸਿਮਰਤ ਤ੍ਰਿਪਤਿ ਅਘਾਈ ਸੰਤਹੁ ॥੪॥ ਆਤਮ ਰਾਮੁ ਰਵਿਆ ਸਭ ਅੰਤਰਿ ਕਤ ਆਵੈ ਕਤ ਜਾਈ ਸੰਤਹੁ ॥ ੫॥ ਆਦਿ ਜੁਗਾਦੀ ਹੈ ਭੀ ਹੋਸੀ ਸਭ ਜੀਆ ਕਾ ਸੁਖਦਾਈ ਸੰਤਹੁ ॥੬॥ ਆਪਿ ਬੇਅੰਤੁ ਅੰਤੁ ਨਹੀ ਪਾਈਐ ਪੂਰਿ ਰਹਿਆ ਸਭ ਠਾਈ ਸੰਤਹੁ ॥੭॥ ਮੀਤ ਸਾਜਨ ਮਾਲੁ ਜੋਬਨੁ ਸੁਤ ਹਰਿ ਨਾਨਕ ਬਾਪੁ ਮੇਰੀ ਮਾਈ ਸੰਤਹੁ ॥੮॥੨॥੭॥** {ਪੰਨਾ 916}

ਪਦਅਰਥ:- ਸਬਦੁ—ਗੁਰੂ ਦਾ ਸ਼ਬਦ, ਗੁਰੂ ਦੀ ਉਚਾਰੀ ਹੋਈ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ, ਪਰਮਾਤਮਾ ਦੀ ਸਿਫ਼ਤਿ-ਸਾਲਾਹ। ਸਿਖਹੁ—ਆਦਤ ਪਕਾਓ, ਸੁਭਾਉ ਬਣਾਓ। ਪਿਆਰਿਹੋ—ਹੇ ਪਿਆਰੇ ਸਜਣੋ। ਟੇਕ—ਆਸਰਾ। ਊਜਲੁ—ਉਜਲਾ, ਬੇ-ਦਾਗ਼।1।

ਰਾਤਾ—ਰੰਗਿਆ ਗਿਆ। ਬਣਿ ਆਈ—ਪਰਮਾਤਮਾ ਨਾਲ ਡੂੰਘੀ ਸਾਂਝ ਬਣ ਗਈ।1।

ਸਤਿਗੁਰਿ—ਗੁਰੂ ਨੇ। ਖੇਪ—{˜yp} ਵਪਾਰ ਦਾ ਮਾਲ, ਸੇਪ, ਆਪੋ ਵਿਚ ਕੀਤਾ ਹੋਇਆ ਇਕਰਾਰ, ਸਾਂਝ। ਨਿਬਾਹੀ—ਨਿਬਾਹ ਦਿੱਤੀ, ਤੋੜ ਸਿਰੇ ਚਾੜ੍ਹ ਦਿੱਤੀ। ਸੰਤਹੁ—ਸੰਤ ਜਨੋ! ਲਾਹਾ—ਲਾਭ, ਖੱਟੀ। ਕਉ—ਨੂੰ। ਸਗਲੀ—ਸਾਰੀ। ਉਲਾਹੀ—ਲਾਹ ਦਿੱਤੀ, ਦੂਰ ਕਰ ਦਿੱਤੀ।1। ਰਹਾਉ।

ਖੋਜਤ ਖੋਜਤ—ਖੋਜ ਕਰਦਿਆਂ ਕਰਦਿਆਂ। ਲਾਲੁ—ਬੜਾ ਹੀ ਕੀਮਤੀ ਪਦਾਰਥ।2।

ਸਿਉ—ਨਾਲ। ਚਰਨ ਕਮਲ ਸਿਉ—ਸੋਹਣੇ ਚਰਨਾਂ ਨਾਲ। ਸਾਚੈ ਦਰਸਿ—ਸਦਾ-ਥਿਰ ਪ੍ਰਭੂ ਦੇ ਦਰਸਨ ਵਿਚ। ਸਮਾਈ—ਲੀਨ ਹੋ ਗਈ।3।

ਨਿਹਾਲਾ—ਪ੍ਰਸੰਨ-ਚਿੱਤ। ਤ੍ਰਿਪਤਿ ਅਘਾਈ—ਪੂਰਨ ਤੌਰ ਤੇ ਰੱਜ ਗਏ।4।

ਆਤਮ ਰਾਮੁ—ਸਰਬ-ਵਿਆਪਕ ਪਰਮਾਤਮਾ। ਕਤ—ਕਿੱਥੇ?।5।

ਆਦਿ—ਸ਼ੁਰੂ ਤੋਂ ਹੀ। ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ। ਹੋਸੀ—ਸਦਾ ਲਈ ਕਾਇਮ ਰਹੇਗਾ।6।

ਨਹੀ ਪਾਈਐ—ਨਹੀਂ ਪਾਇਆ ਜਾ ਸਕਦਾ। ਪੂਰਿ ਰਹਿਆ—ਵਿਆਪਕ ਹੈ, ਮੌਜੂਦ ਹੈ।7।

ਮੀਤ—ਮਿੱਤਰ। ਮਾਲੁ—ਧਨ-ਪਦਾਰਥ। ਜੋਬਨੁ—ਜਵਾਨੀ। ਸੁਤ—ਪੁੱਤਰ। ਮਾਈ—ਮਾਂ।8।

ਅਰਥ:- ਹੇ ਪਿਆਰੇ ਮਿੱਤਰੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਦੀ ਆਦਤ ਬਣਾਓ, ਇਹ ਸਿਫ਼ਤਿ-ਸਾਲਾਹ ਹੀ (ਮਨੁੱਖ ਵਾਸਤੇ) ਸਾਰੀ ਉਮਰ ਦਾ ਸਹਾਰਾ ਹੈ। ਹੇ ਨਾਨਕ! (ਆਖ—ਹੇ ਮਿੱਤਰੋ!) ਇਕ ਪਰਮਾਤਮਾ ਦਾ ਨਾਮ ਸਿਮਰਦਿਆਂ (ਲੋਕ ਪਰਲੋਕ ਵਿਚ) ਮੁਖ ਉਜਲਾ ਰਹਿੰਦਾ ਹੈ ਅਤੇ ਸਦਾ ਹੀ ਸੁਖੀ ਰਹਿੰਦਾ ਹੈ।1।

ਹੇ ਸੰਤ ਜਨੋ! ਜਿਸ ਮਨੁੱਖ ਦਾ ਮਨ ਤੇ ਤਨ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਪ੍ਰਭੂ ਦੀ ਪ੍ਰੇਮਾ-ਭਗਤੀ ਦੇ ਕਾਰਨ ਪ੍ਰਭੂ ਨਾਲ ਉਸ ਦੀ ਡੂੰਘੀ ਸਾਂਝ ਬਣ ਜਾਂਦੀ ਹੈ।1।

ਹੇ ਸੰਤ ਜਨੋ! ਜਿਸ ਮਨੁੱਖ ਦੀ ਪ੍ਰਭੂ ਨਾਲ ਸਾਂਝ ਗੁਰੂ ਨੇ ਸਿਰੇ ਚਾੜ੍ਹ ਦਿੱਤੀ, ਉਸ ਸੇਵਕ ਨੂੰ ਗੁਰੂ ਨੇ ਪਰਮਾਤਮਾ ਦੇ ਨਾਮ ਦਾ ਲਾਭ ਬਖ਼ਸ਼ ਦਿੱਤਾ, ਤੇ, ਇਸ ਤਰ੍ਹਾਂ ਉਸ ਦੀ ਸਾਰੀ ਮਾਇਕ ਤ੍ਰਿਸ਼ਨਾ ਮੁਕਾ ਦਿੱਤੀ।1। ਰਹਾਉ।

ਹੇ ਸੰਤ ਜਨੋ! (ਗੁਰੂ ਦੀ ਸਰਨ ਪੈ ਕੇ ਖੋਜਣ ਵਾਲੇ ਨੇ) ਖੋਜ ਕਰਦਿਆਂ ਕਰਦਿਆਂ ਪਰਮਾਤਮਾ ਦਾ ਨਾਮ-ਹੀਰਾ ਲੱਭ ਲਿਆ। ਉਸ ਲਾਲ ਦਾ ਮੁੱਲ ਨਹੀਂ ਪਾਇਆ ਜਾ ਸਕਦਾ।2।

ਹੇ ਸੰਤ ਜਨੋ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ) ਸੁਰਤਿ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਗਈ, ਸਦਾ-ਥਿਰ ਪ੍ਰਭੂ ਦੇ ਦਰਸ਼ਨ ਵਿਚ ਉਸ ਦੀ ਸਦਾ ਲਈ ਲੀਨਤਾ ਹੋ ਗਈ।3।

ਹੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਿਆਂ ਗਾਂਦਿਆਂ ਤਨੋ ਮਨੋ ਖਿੜ ਜਾਈਦਾ ਹੈ, ਪਰਮਾਤਮਾ ਦਾ ਸਿਮਰਨ ਕਰਦਿਆਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਜਾਈਦਾ ਹੈ।4।

ਹੇ ਸੰਤ ਜਨੋ! (ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੂੰ) ਸਰਬ-ਵਿਆਪਕ ਪਰਮਾਤਮਾ ਸਭ ਜੀਵਾਂ ਦੇ ਅੰਦਰ ਵੱਸਦਾ ਦਿੱਸ ਪੈਂਦਾ ਹੈ, ਉਸਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।5।

ਹੇ ਸੰਤ ਜਨੋ! (ਗੁਰੂ ਨੇ ਜਿਸ ਮਨੁੱਖ ਦੀ ਖੇਪ ਤੋੜ ਸਿਰੇ ਚਾੜ੍ਹ ਦਿੱਤੀ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਸਭ ਦਾ ਮੁੱਢ ਹੈ, ਪਰਮਾਤਮਾ ਜੁਗਾਂ ਦੇ ਸ਼ੁਰੂ ਤੋਂ ਹੈ, ਪਰਮਾਤਮਾ ਇਸ ਵੇਲੇ ਵੀ ਮੌਜੂਦ ਹੈ, ਪਰਮਾਤਮਾ ਸਦਾ ਲਈ ਕਾਇਮ ਰਹੇਗਾ। ਉਹ ਪਰਮਾਤਮਾ ਸਭ ਜੀਵਾਂ ਨੂੰ ਸੁਖ ਦੇਣ ਵਾਲਾ ਹੈ।6।

ਹੇ ਸੰਤ ਜਨੋ! ਪਰਮਾਤਮਾ ਬੇਅੰਤ ਹੈ, ਉਸ ਦੇ ਗੁਣਾਂ ਦਾ ਅਖ਼ੀਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ। ਉਹ ਪ੍ਰਭੂ ਸਭਨੀਂ ਥਾਈਂ ਵਿਆਪਕ ਹੈ।7।

ਹੇ ਨਾਨਕ! (ਆਖ—) ਹੇ ਸੰਤ ਜਨੋ! ਉਹ ਪਰਮਾਤਮਾ ਹੀ ਮੇਰਾ ਮਿੱਤਰ ਹੈ, ਮੇਰਾ ਸੱਜਣ ਹੈ, ਮੇਰਾ ਧਨ-ਮਾਲ ਹੈ, ਮੇਰਾ ਜੋਬਨ ਹੈ, ਮੇਰਾ ਪੁੱਤਰ ਹੈ, ਮੇਰਾ ਪਿਉ ਹੈ, ਮੇਰੀ ਮਾਂ ਹੈ (ਇਹਨੀਂ ਸਭਨੀਂ ਥਾਈਂ ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ)।8।2।7।